# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :09-07-2026**

**ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ**

- ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਵਲੋਂ ਅੱਜ ਨਵੀਂ ਦਿੱਲੀ ਵਿੱਚ ਪੰਜਾਬ ਸਮੇਤ ਸਰਹੱਦੀ ਜ਼ਿਲ੍ਹਿਆਂ ਦੇ ਪੁਲਿਸ ਸੁਪਰਡੈਂਟਾਂ ਦੀ ਇੱਕ ਕਾਨਫਰੰਸ ਦੀ ਪ੍ਰਧਾਨਗੀ |
- ਪੰਜਾਬ'ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ 11 ਤੇ 12 ਜੁਲਾਈ ਨੂੰ ਸੂਬੇ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਗਣਨਾ ਫਾਰਮ ਜਮ੍ਹਾ ਕਰਾਉਣ ਲਈ ਦੋ ਦਿਨਾਂ ਵਿਸ਼ੇਸ਼ ਕੈਂਪ ਲਾਇਆ ਜਾਏਗਾ.
- ਪੰਜਾਬ ਰਾਜ ਕਰ ਵਿਭਾਗ ਵਲੋਂ ਜਲੰਧਰ ਸਥਿਤ ਇੱਕ ਫਰਮ ਦੇ ਮਾਲਕ ਨੂੰ 55.35 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਘੁਟਾਲੇ ਦੇ ਸੰਬੰਧ 'ਚ ਗ੍ਰਿਫ਼ਤਾਰ ਕੀਤਾ ਗਿਆ ।
- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਜੰਮੂ-ਕਸ਼ਮੀਰ ਦੇ ਮੰਤਰੀ ਸ਼੍ਰੀ ਸਤੀਸ਼ ਸ਼ਰਮਾ ਨੇ ਦੋਵਾਂ ਰਾਜਾਂ ਦੇ ਕਿਸਾਨਾਂ ਦੀ ਬਿਹਤਰੀ ਲਈ ਅੰਤਰਰਾਜੀ

ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ।

- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty – twenty ਅੰਤਰਰਾਸ਼ਟਰੀ ਲੜੀ ਦਾ ਚੌਥਾ ਮੈਚ ਅੱਜ ਰਾਤ ਬ੍ਰਿਸਟਲ ਦੇ ਕਾਉਂਟੀ ਗਰਾਊਂਡ ਵਿਖੇ ਖੇਡਿਆ ਜਾਏਗਾ.

---------------------------------------------------------------------------

ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਅੱਜ ਨਵੀਂ ਦਿੱਲੀ ਵਿੱਚ ਸਰਹੱਦੀ ਜ਼ਿਲ੍ਹਿਆਂ ਦੇ ਪੁਲਿਸ ਸੁਪਰਡੈਂਟਾਂ ਦੀ ਕਾਨਫਰੰਸ ਦੀ ਪ੍ਰਧਾਨਗੀ ਕਰ ਰਹੇ ਨੇ. ਪੰਜਾਬ, ਜੰਮੂ- ਸ਼ਮੀਰ, ਉਤਰਾਖੰਡ, ਰਾਜਸਥਾਨ, ਗੁਜਰਾਤ, ਉੱਤਰ ਪ੍ਰਦੇਸ਼, ਬਿਹਾਰ, ਪੱਛਮੀ ਬੰਗਾਲ ਅਤੇ ਉੱਤਰ-ਪੂਰਬ ਸਮੇਤ ਸਰਹੱਦੀ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਪੁਲਿਸ ਸੁਪਰਡੈਂਟ ਇਸ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਨੇ. ਗ੍ਰਿਹ ਮੰਤਰਾਲੇ ਦੇ ਸੀਨੀਅਰ ਅਧਿਕਾਰੀ ਵੀ ਇਸ ਕਾਨਫਰੰਸ ਵਿੱਚ ਸ਼ਮੂਲੀਅਤ ਕਰ ਰਹੇ ਨੇ. ਇਸ ਕਾਨਫਰੰਸ ਦਾ ਉਦੇਸ਼ ਸੰਵੇਦਨਸ਼ੀਲ ਸਰਹੱਦੀ ਖੇਤਰਾਂ ਵਿੱਚ ਮੌਜੂਦਾ ਸਥਿਤੀ ਦਾ ਮੁਲੰਕਣ ਕਰਕੇ ਅਤੇ ਲਾਗੂਕਰਨ ਨੂੰ ਬਿਹਤਰ ਬਣਾਉਣ ਲਈ ਉਪਾਵਾਂ ਦੀ ਪਛਾਣ ਕਰਕੇ ਦੇਸ਼ ਦੇ ਸਰਹੱਦੀ ਸੁਰੱਖਿਆ ਢਾਂਚੇ ਨੂੰ ਮਜ਼ਬੂਤ ਕਰਨਾ ਏ। ਇਹ ਮੀਟਿੰਗ ਗੈਰ-ਕਾਨੂੰਨੀ ਪ੍ਰਵਾਸ ਵਿਰੁੱਧ ਕੇਂਦਰ ਸਰਕਾਰ ਦੀ ਤੀਬਰ ਮੁਹਿੰਮ ਦਰਮਿਆਨ ਮਹੱਤਵਪੂਰਨ ਮੰਨੀ ਜਾ ਰਹੀ

ਏ। ਗੈਰ-ਕਾਨੂੰਨੀ ਪ੍ਰਵਾਸ ਦੇਸ਼ ਦੇ ਪੂਰਬੀ ਹਿੱਸੇ ਵਿੱਚ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਸਥਿਤ ਜ਼ਿਲ੍ਹਿਆਂ ਦੀ ਆਬਾਦੀ ਨੂੰ ਬਦਲਣ ਲਈ ਇੱਕ ਯੋਜਨਾਬੱਧ ਕੋਸ਼ਿਸ਼ ਰਹੀ ਏ। ਘੁਸਪੈਠ ਤੋਂ ਇਲਾਵਾ, ਮੀਟਿੰਗ ਵਿੱਚ ਗੈਰ-ਕਾਨੂੰਨੀ ਪ੍ਰਵਾਸ ਅਤੇ ਆਬਾਦੀ ਤਬਦੀਲੀ, ਸਰਹੱਦੀ ਸੁਰੱਖਿਆ, ਡਰੋਨ ਖਤਰੇ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਰਗੇ ਮੁੱਦਿਆਂ 'ਤੇ ਚਰਚਾ ਹੋਣ ਦੀ ਉਮੀਦ ਏ। ਇਹ ਕਾਨਫਰੰਸ ਕੇਂਦਰ ਸਰਕਾਰ ਵਲੋਂ ਕੁਝ ਮਹੀਨੇ ਪਹਿਲਾਂ ਲਏ ਗਏ ਫੈਸਲੇ ਦੇ ਪਿਛੋਕੜ ਵਿੱਚ ਹੋ ਰਹੀ ਏ। ਉਸ ਫੈਸਲੇ ‘ਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਹੋ ਰਹੀਆਂ ਆਬਾਦੀ ਸੰਬੰਧੀ ਤਬਦੀਲੀਆਂ ਦੀ ਹੱਦ ਦੀ ਜਾਂਚ ਕਰਨ ਅਤੇ ਉਨ੍ਹਾਂ ਲਈ ਜ਼ਿੰਮੇਵਾਰ ਕਾਰਕਾਂ ਦੀ ਪਛਾਣ ਕਰਨ ਲਈ ਇੱਕ ਉੱਚ-ਪੱਧਰੀ ਕਮੇਟੀ ਦਾ ਗਠਨ ਕੀਤਾ ਗਿਆ।

--------------------------------------------------------------------------

ਪੰਜਾਬ ਭਰ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ (ਐਸ.ਆਈ.ਆਰ.) ਤਹਿਤ ਘਰ-ਘਰ ਜਾ ਕੇ ਗਣਨਾ ਫ਼ਾਰਮ ਭਰਨ ਦੀ ਕਾਰਵਾਈ ਚਲ ਰਹੀ ਏ ਅਤੇ ਇਹ ਕਾਰਜ 24 ਜੁਲਾਈ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ 11 ਤੇ 12 ਜੁਲਾਈ ਦਿਨ ਸ਼ਨੀਚਰਵਾਰ ਤੇ ਐਤਵਾਰ ਨੂੰ ਸਵੇਰੇ 8 ਵਜੇ ਤੋਂ ਦੁਪਹਿਰ ਬਾਅਦ 3 ਵਜੇ ਤੱਕ ਸੂਬੇ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਦੋ ਦਿਨਾਂ ਵਿਸ਼ੇਸ਼ ਕੈਂਪ ਲਾਇਆ ਜਾ ਰਿਹਾ ਏ, ਜਿਸ ਨਾਲ

ਵੋਟਰ ਆਪਣੇ ਗਣਨਾ ਫਾਰਮ ਭਰ ਸਕਦੇ ਨੇ ਅਤੇ ਜਮ੍ਹਾਂ ਕਰਵਾ ਸਕਦੇ ਨੇ. ਸੂਬੇ ਦੇ ਵੋਟਰਾਂ ਨੂੰ ਇਨ੍ਹਾਂ ਕੈਂਪਾਂ ਵਿਚ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦਿਆਂ ਮੁੱਖ ਚੋਣ ਅਫ਼ਸਰ ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ, ਨੇ ਕਿਹਾ ਕਿ, "ਜੇਕਰ ਕਿਸੇ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਏ , ਤਾਂ ਤੁਰੰਤ ਆਪਣੇ ਬੂਥ ਪਧਰ ਦੇ ਅਧਿਕਾਰੀ (ਬੀਐਲਓ) ਨਾਲ ਸੰਪਰਕ ਕੀਤਾ ਜਾਵੇ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਵੋਟ ਕੇਂਦਰ 'ਤੇ ਸੰਪਰਕ ਕੀਤਾ ਜਾਵੇ.  ਓਹਨਾਂ ਇਹ ਵੀ ਕਿਹਾ ਕਿ 3 ਅਗਸਤ ਨੂੰ ਪ੍ਰਕਾਸ਼ਿਤ ਹੋਣ ਵਾਲੀ ਖਰੜਾ ਵੋਟਰ ਸੂਚੀ ਵਿੱਚ ਹਰੇਕ ਯੋਗ ਵੋਟਰ ਦਾ ਸ਼ਾਮਲ ਹੋਣਾ ਯਕੀਨੀ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਜਨਤਕ ਹਿੱਸੇਦਾਰੀ ਬੇਹੱਦ ਜ਼ਰੂਰੀ ਏ. ਉਨ੍ਹਾਂ ਅੱਗੇ ਕਿਹਾ ਕਿ ਬੂਥ ਪੱਧਰ  ਦੇ ਅਧਿਕਾਰੀ (ਬੀ ਐਲ ਓ) ਇਸ ਪ੍ਰਕਿਰਿਆ ਵਿੱਚ ਵੋਟਰਾਂ ਦੀ ਮਦਦ ਵਾਸਤੇ ਸਾਰੇ ਨਿਰਧਾਰਤ ਵੋਟ ਕੇਂਦਰਾਂ 'ਤੇ ਮੌਜੂਦ ਰਹਿਣਗੇ।

--------------------------------------------------------------------------------

ਪੰਜਾਬ ਰਾਜ ਕਰ ਵਿਭਾਗ ਨੇ ਜਲੰਧਰ ਸਥਿਤ ਇੱਕ ਫਰਮ ਦੇ ਮਾਲਕ ਨੂੰ 55.35 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਘੁਟਾਲੇ ਨੂੰ ਅੰਜਾਮ ਦੇਣ ਦੇ ਇਲ੍ਜ਼ਾਮ ਵਿੱਚ ਗ੍ਰਿਫ਼ਤਾਰ ਕੀਤਾ ਏ। ਇਸ ਬਾਰੇ ਜਾਣਕਾਰੀ ਦਿੰਦਿਆਂ ਪੰਜਾਬ ਦੇ ਖਜ਼ਾਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਏ ਕਿ ਇਸ ਅਹਿਮ ਕਾਰਵਾਈ ਨੇ

ਕਰੀਬ 8.35 ਕਰੋੜ ਰੁਪਏ ਦੇ ਇਨਪੁਟ ਟੈਕਸ ਕ੍ਰੈਡਿਟ ਦੇ ਫਰਜ਼ੀ ਲੈਣ-ਦੇਣ ਨੂੰ ਸਫਲਤਾ ਨਾਲ ਰੋਕਿਆ ਏ ਜੋ ਕਿ ਗਲਤ ਇੰਟੀਗ੍ਰੇਟਿਡ ਜੀ.ਐਸ.ਟੀ. ਰਿਫੰਡ ਦਾਅਵਿਆਂ ਰਾਹੀਂ ਸਰਕਾਰੀ ਖਜ਼ਾਨੇ ਨੂੰ ਭਾਰੀ ਨੁਕਸਾਨ ਪਹੁੰਚਾ ਰਿਹਾ ਸੀ।" ਚੰਡੀਗੜ੍ਹ ਵਿਖੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਖੁਫੀਆ ਜਾਣਕਾਰੀ 'ਤੇ ਆਧਾਰਿਤ ਇਸ ਕਾਰਵਾਈ ਦਾ ਵੇਰਵਾ ਦਿੰਦਿਆਂ ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ, "ਰਾਜ ਜੀ.ਐਸ.ਟੀ. ਵਿਭਾਗ ਨੇ ਜਲੰਧਰ ਦੀ ਮੈਸਰਜ਼ ਰੈਮਸਨਜ਼ ਕਾਰਪੋਰੇਸ਼ਨ ਦੇ ਮਾਲਕ ਨੂੰ ਗ੍ਰਿਫ਼ਤਾਰ ਕੀਤਾ ਏ। ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਹ ਫਰਮ ਮਾਲ ਦੀ ਅਸਲ ਸਪਲਾਈ ਕੀਤੇ ਬਿਨਾਂ ਜੀ.ਐਸ.ਟੀ. ਇਨਵੌਇਸ ਜਾਰੀ ਕਰਕੇ ਵੱਡੇ ਪੱਧਰ 'ਤੇ ਫਰਜ਼ੀ ਬਿਲਿੰਗ ਅਤੇ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ ਘੁਟਾਲੇ ਵਿੱਚ ਸ਼ਾਮਲ ਸੀ। ਸ੍ਰੀ ਚੀਮਾ ਨੇ ਇਹ ਵੀ ਕਿਹਾ ਕਿ, "ਇਸ ਮਾਮਲੇ ਵਿੱਚ ਸ਼ਾਮਿਲ ਹੋਰ ਵਿਅਕਤੀਆਂ ਦੇ ਪੂਰੇ ਨੈੱਟਵਰਕ ਦੀ ਪਛਾਣ ਕਰਨ, ਇਸ ਫਰਜ਼ੀ ਆਈ.ਟੀ.ਸੀ ਦੇ ਸਹੀ ਪ੍ਰਵਾਹ ਦਾ ਪਤਾ ਲਗਾਉਣ ਅਤੇ ਟੈਕਸ ਚੋਰੀ ਦੀ ਕੁੱਲ ਰਕਮ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ।

---

ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਜੰਮੂ-ਕਸ਼ਮੀਰ ਦੇ ਮੰਤਰੀ ਸ੍ਰੀ ਸਤੀਸ਼ ਸ਼ਰਮਾ ਨੇ ਅੱਜ ਚੰਡੀਗੜ੍ਹ 'ਚ ਕਿਸਾਨ ਭਵਨ ਵਿਖੇ ਦੋਵਾਂ ਰਾਜਾਂ ਦੇ ਕਿਸਾਨਾਂ ਦੀ

ਬਿਹਤਰੀ ਲਈ ਅੰਤਰਰਾਜੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ । ਸ਼੍ਰੀ ਖੁੱਡੀਆਂ ਨੇ ਸ਼੍ਰੀ ਸਤੀਸ਼ ਸ਼ਰਮਾ ਦੀ ਅਗਵਾਈ ਵਾਲੇ ਜੰਮੂ-ਕਸ਼ਮੀਰ ਦੇ ਵਫ਼ਦ ਦਾ ਨਿੱਘਾ ਸਵਾਗਤ ਕੀਤਾ । ਇਸ ਮੀਟਿੰਗ ਦੌਰਾਨ ਪੰਜਾਬ ਅਤੇ ਜੰਮੂ-ਕਸ਼ਮੀਰ ਦਰਮਿਆਨ ਪਸ਼ੂ-ਧਨ ਆਰਥਿਕਤਾ ਨੂੰ ਹੁਲਾਰਾ ਦੇਣ ਲਈ ਦੋਵਾਂ ਰਾਜਾਂ ਦੇ ਆਪਸੀ ਸਹਿਯੋਗ ਦੇ ਮੌਕਿਆਂ ਦੀ ਘੋਖ ਕੀਤੀ ਗਈ। ਸ਼੍ਰੀ ਖੁੱਡੀਆਂ ਨੇ ਪੰਜਾਬ ਸਰਕਾਰ ਦੀ ਸੰਘੀ ਢਾਂਚੇ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਜ਼ੋਰ ਦੇ ਕੇ ਕਿਹਾ ਕਿ ਖੇਤੀਬਾੜੀ ਅਤੇ ਪਸ਼ੂ ਪਾਲਣ ਵਿੱਚ ਬਿਹਤਰੀਨ ਢੰਗ – ਤਰੀਕਿਆਂ ਨੂੰ ਸਾਂਝਾ ਕਰਨਾ ਦੇਸ਼ ਦੇ ਵਿਕਾਸ ਲਈ ਬਹੁਤ ਲਾਹੇਵੰਦ ਅਤੇ ਜ਼ਰੂਰੀ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦੇ ਮੋਹਰੀ ਦੁੱਧ ਉਤਪਾਦਕ ਸੂਬਿਆਂ ਵਿੱਚ ਸ਼ੁਮਾਰ ਏ, ਤੇ ਇਹ ਵਿਚਾਰ-ਚਰਚਾ ਦੁੱਧ ਦੇ ਉਤਪਾਦਨ ਨੂੰ ਵਧਾਉਣ, ਪਸ਼ੂਧਨ ਦੇ ਨਸਲ ਸੁਧਾਰ ਅਤੇ ਪਸ਼ੂ ਸਿਹਤ-ਸੰਭਾਲ ਢਾਂਚੇ ਨੂੰ ਹੋਰ ਮਜ਼ਬੂਤ ਕਰਨ ’ਤੇ ਕੇਂਦ੍ਰਿਤ ਰਹੀ। ਜੰਮੂ-ਕਸ਼ਮੀਰ ਦੇ ਮੰਤਰੀ ਸਤੀਸ਼ ਸ਼ਰਮਾ ਨੇ ਪਸ਼ੂਆਂ ਦੀ ਸਿਹਤ ਦਾ ਜਾਇਜ਼ਾ ਲੈਣ ਦੇ ਨਾਲ-ਨਾਲ ਦੂਰ-ਦੁਰਾਡੇ ਦੇ ਇਲਾਕਿਆਂ ਵਿੱਚ ਸਬਸਿਡੀਆਂ ਅਤੇ ਸਮੇਂ ਸਿਰ ਸਿਹਤ ਸੇਵਾਵਾਂ ਯਕੀਨੀ ਬਣਾਉਣ ਲਈ ਡਿਜੀਟਲ ਪਲੇਟਫਾਰਮਾਂ ਦੀ ਵਰਤੋਂ ਕਰਨ ਦੀ ਤਜਵੀਜ਼ ਰਖੀ. ਸ਼੍ਰੀ ਸ਼ਰਮਾ ਨੇ ਪੰਜਾਬ ਦੇ ਆਪਣੇ ਵੱਲੋਂ ਸਾਂਝੀ ਕੀਤੀ ਅਹਿਮ ਜਾਣਕਾਰੀ ਦੀ ਵੀ ਸ਼ਲਾਘਾ ਕੀਤੀ ਅਤੇ ਉਮੀਦ ਪ੍ਰਗਟਾਈ ਕਿ ਪਸ਼ੂ ਪਾਲਣ ਖੇਤਰ ਵਿੱਚ

ਢਾਂਚਾਗਤ ਸਹਿਯੋਗ ਦੋਵਾਂ ਸੂਬਿਆਂ ਦੇ ਕਿਸਾਨਾਂ ਲਈ ਲਾਹੇਵੰਦ ਸਾਬਤ ਹੋਵੇਗਾ।

--------------------------------------------------------------------------

ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 892 ਆਧੁਨਿਕ ਆਂਗਣਵਾੜੀ ਕੇਂਦਰਾਂ ਦਾ ਨਿਰਮਾਣ ਮੁਕੰਮਲ ਕਰ ਲਿਆ ਏ । ਪੰਜਾਬ ਦੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਰਾਜ ਵਿੱਚ ਬਚਿਆਂ ਪ੍ਰਤੀ ਸੁਖਾਵੇਂ ਬੁਨਿਆਦੀ ਢਾਂਚੇ ਦਾ ਤੇਜ਼ੀ ਨਾਲ ਪਸਾਰ ਕੀਤਾ ਜਾ ਰਿਹਾ ਏ ਤੇ ਇਸੇ ਲੜੀ ਤਹਿਤ 132 ਹੋਰ ਆਂਗਣਵਾੜੀ ਕੇਂਦਰ ਉਸਾਰੀ ਦੇ ਅੰਤਿਮ ਪੜਾਅ ਵਿੱਚ ਨੇ. ਇਸਦਾ ਉਦੇਸ਼ ਪੰਜਾਬ ਦੇ ਬੱਚਿਆਂ ਨੂੰ ਵਿਸ਼ਵ ਪੱਧਰੀ ਮੁਢਲੀ ਦੇਖਭਾਲ ਅਤੇ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਏ. । ਮੰਤਰੀ ਨੇ ਇਹ ਵੀ ਦੱਸਿਆ ਕਿ,“ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ 1 ਹਜ਼ਾਰ 24 ਨਵੇਂ ਆਂਗਣਵਾੜੀ ਕੇਂਦਰ ਬਣਾਉਣ ਦਾ ਟੀਚਾ ਰੱਖਿਆ ਸੀ । 892 ਕੇਂਦਰਾਂ ਦੀ ਉਸਾਰੀ ਪਹਿਲਾਂ ਹੀ ਪੂਰੀ ਹੋ ਚੁੱਕੀ ਏ , ਜਦੋਂ ਕਿ ਬਾਕੀ ਰਹਿੰਦੇ 132 ਕੇਂਦਰ ਉਸਾਰੀ ਦੇ ਅੰਤਿਮ ਪੜਾਅ ਵਿੱਚ ਨੇ ਅਤੇ ਜਲਦ ਹੀ ਪੂਰੇ ਕਰਕੇ ਸੂਬੇ ਦੇ ਬੱਚਿਆਂ ਨੂੰ ਸਮਰਪਿਤ ਕਰ ਦਿੱਤੇ ਜਾਣਗੇ।” ਓਹਨਾਂ ਇਹ ਵੀ ਕਿਹਾ ਕਿ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਏ ਕਿ ਹਰੇਕ ਬੱਚੇ, ਭਾਵੇਂ ਉਸਦਾ ਕੋਈ ਵੀ ਆਰਥਿਕ ਪਿਛੋਕੜ ਹੋਵੇ, ਨੂੰ, ਮਹਿੰਗੇ ਪ੍ਰਾਈਵੇਟ ਸਕੂਲਾਂ ਦੀ ਤਰਜ਼ ’ਤੇ ਮਿਆਰੀ

ਸ਼ੁਰੂਆਤੀ ਸਿੱਖਿਆ ਮਾਹੌਲ ਅਤੇ ਖੇਡ-ਅਧਾਰਿਤ ਸਿੱਖਿਆ ਦੇ ਮੌਕੇ ਮਿਲਣ । ਉਨ੍ਹਾਂ ਅੱਗੇ ਕਿਹਾ ਕਿ "ਇਹ ਕੇਂਦਰ ਕੁਪੋਸ਼ਣ ਨਾਲ ਨਜਿੱਠਣ, ਬੱਚਿਆਂ ਦੀ ਸਿਹਤ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਸਰੀਰਕ ਅਤੇ **ਬੋਧਿਕ** ਵਿਕਾਸ ਨੂੰ ਹੁਲਾਰ ਦੇਣ ਲਈ ਵੀ ਅਹਿਮ ਭੂਮਿਕਾ ਨਿਭਾਉਣਗੇ।"

---------------------------------------------------------------------------

ਕੇਂਦਰ ਸਰਕਾਰ ਨੇ ਖੇਤੀਬਾੜੀ ਮਸ਼ੀਨੀਕਰਨ ਉਪ-ਮਿਸ਼ਨ ਤਹਿਤ ਹੁਣ ਤੱਕ ਦੇਸ਼ ਭਰ ਵਿੱਚ ਵਿਅਕਤੀਗਤ ਕਿਸਾਨਾਂ ਨੂੰ ਨੌਂ ਹਜ਼ਾਰ 404 ਕਰੋੜ ਰੁਪਏ ਦੀਆਂ ਕਰੀਬ 22 ਲੱਖ ਖੇਤੀਬਾੜੀ ਮਸ਼ੀਨਾਂ ਵੰਡਣ 'ਚ ਮਦਦ ਕੀਤੀ ਏ । ਇਹ ਮਿਸ਼ਨ 2014-15 ਵਿੱਚ ਖੇਤੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤਾ ਗਿਆ ਸੀ, ਜੋ ਦੇਸ਼ ਵਿੱਚ ਖੇਤੀਬਾੜੀ ਉਤਪਾਦਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਏ ।

---------------------------------------------------------------------------

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਤੋਂ ਵਿਧਾਇਕ ਸ਼੍ਰੀ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪਿੰਡ ਸੋਲੀ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ । ਲੋਕਾਂ ਨੂੰ ਸੰਬੋਧਨ ਕਰਦਿਆਂ ਡਿਪਟੀ ਸਪੀਕਰ ਨੇ ਕਿਹਾ ਕਿ ਸੂਬਾ ਸਰਕਾਰ

ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਏ।

----------------------------------------------------------

ਤਰਨ ਤਾਰਨ ਦੇ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ, ਗਰੁੱਪ ਕੈਪਟਨ ਦਵਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਨੇ ਦੱਸਿਆ ਏ ਕਿ ਫੌਜ, ਸਮੁੰਦਰੀ ਫੌਜ, ਹਵਾਈ ਫੌਜ ਬੀ.ਐਸ.ਐਫ, ਆਈ.ਟੀ.ਬੀ.ਪੀ, ਸੀ.ਆਰ.ਪੀ.ਐਫ, ਤੇ ਸੀ.ਆਈ.ਐਸ.ਐਫ ਵਿਚ ਭਰਤੀ ਹੋਣ ਲਈ ਪ੍ਰੀ-ਰਿਕਰੂਟਮੈਂਟ ਕੋਰਸ 20 ਜੁਲਾਈ, ਤੋਂ ਸ਼ੁਰੂ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ ਇਸ ਕੋਰਸ ਵਿਚ ਸਾਬਕਾ ਫੌਜੀਆਂ, ਫੌਜੀਆਂ ਦੀਆਂ ਵਿਧਵਾਵਾਂ ਅਤੇ ਵੀਰ ਨਾਰੀਆਂ, ਸੇਵਾ ਨਿਭਾ ਰਹੇ ਫੌਜੀਆਂ ਅਤੇ ਸਿਵਲੀਅਨਾਂ ਦੇ ਬੱਚਿਆਂ ਦੇ ਰੋਸ਼ਨ ਭਵਿੱਖ ਨੂੰ ਮੁੱਖ ਰੱਖਦਿਆਂ ਭਰਤੀ ਹੋਣ ਵਾਸਤੇ ਸਰੀਰਕ ਯੋਗਤਾ ਅਤੇ ਲਿਖਤੀ ਇਮਤਿਹਾਨ ਦੀ ਤਿਆਰੀ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਥੋਂ ਸਿਖਲਾਈ ਪ੍ਰਾਪਤ ਪਿਛਲੇ ਬੈਚ ਦੇ ਸਾਰੇ ਸਿਖਿਆਰਥੀਆਂ ਦਾ ਨਤੀਜਾ 100 ਫੀਸਦੀ ਆਇਆ ਏ। ਉਨ੍ਹਾਂ ਕਿਹਾ ਕਿ ਚਾਹਵਾਨ ਨੌਜਵਾਨ ਆਪਣੇ ਜ਼ਰੂਰੀ ਕਾਗਜ਼ਾਤ ਲੈ ਕੇ ਮੁੱਢਲੀ ਜਾਂਚ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ, ਅੰਮ੍ਰਿਤਸਰ ਰੋਡ, ਤਰਨ ਤਾਰਨ ਵਿਖੇ ਪਹੁੰਚਣ.

--------------------------------------------------------------

ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty – twenty ਅੰਤਰਰਾਸ਼ਟਰੀ ਲੜੀ ਦਾ ਚੌਥਾ ਮੈਚ ਅੱਜ ਰਾਤ ਬ੍ਰਿਸਟਲ ਦੇ ਕਾਉਂਟੀ ਗਰਾਊਂਡ ਵਿਖੇ ਖੇਡਿਆ ਜਾਏਗਾ. ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 10 ਵਜੇ ਸ਼ੁਰੂ ਹੋਵੇਗਾ। ਭਾਰਤੀ ਟੀਮ ਲੜੀ ਵਿੱਚ 0-2 ਨਾਲ ਪਿੱਛੇ ਏ , ਜਿਸ ਕਾਰਨ ਇਹ ਮੈਚ ਜਿੱਤਣਾ ਜ਼ਰੂਰੀ ਏ । ਇਸ ਤੋਂ ਪਹਿਲਾਂ, ਇੰਗਲੈਂਡ ਨੇ ਮੈਨਚੈਸਟਰ ਵਿੱਚ ਦੂਜੇ twenty -20 ਅੰਤਰਰਾਸ਼ਟਰੀ ਮੈਚ ਵਿੱਚ ਭਾਰਤ ਨੂੰ 4 ਵਿਕਟਾਂ ਨਾਲ ਹਰਾਇਆ। ਦੋਵਾਂ ਟੀਮਾਂ ਵਿਚਕਾਰ ਪਹਿਲਾ ਮੈਚ ਮੀਂਹ ਕਾਰਨ ਬਿਨਾਂ ਕਿਸੇ ਨਤੀਜੇ ਦੇ ਖਤਮ ਹੋਇਆ ।

--------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਅੱਜ ਨਵੀਂ ਦਿੱਲੀ ਵਿੱਚ ਪੰਜਾਬ ਸਮੇਤ ਸਰਹੱਦੀ ਜ਼ਿਲ੍ਹਿਆਂ ਦੇ ਪੁਲਿਸ ਸੁਪਰਡੈਂਟਾਂ ਦੀ ਇੱਕ ਕਾਨਫਰੰਸ ਦੀ ਪ੍ਰਧਾਨਗੀ |
- ਪੰਜਾਬ'ਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ ਤਹਿਤ 11 ਤੇ 12 ਜੁਲਾਈ ਨੂੰ ਸੂਬੇ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ

ਗਣਨਾ ਫਾਰਮ ਜਮ੍ਹਾ ਕਰਾਉਣ ਲਈ ਦੋ ਦਿਨਾਂ ਵਿਸ਼ੇਸ਼ ਕੈਂਪ ਲਾਇਆ ਜਾਏਗਾ.

- ਪੰਜਾਬ ਰਾਜ ਕਰ ਵਿਭਾਗ ਵਲੋਂ ਜਲੰਧਰ ਸਥਿਤ ਇੱਕ ਫਰਮ ਦੇ ਮਾਲਕ ਨੂੰ 55.35 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਘੁਟਾਲੇ ਦੇ ਸੰਬੰਧ 'ਚ ਗ੍ਰਿਫ਼ਤਾਰ ਕੀਤਾ ਗਿਆ।
- ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਜੰਮੂ-ਕਸ਼ਮੀਰ ਦੇ ਮੰਤਰੀ ਸ਼੍ਰੀ ਸਤੀਸ਼ ਸ਼ਰਮਾ ਨੇ ਦੋਵਾਂ ਰਾਜਾਂ ਦੇ ਕਿਸਾਨਾਂ ਦੀ ਬਿਹਤਰੀ ਲਈ ਅੰਤਰਰਾਜੀ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ।
- ਮਰਦਾਂ ਦੇ ਕ੍ਰਿਕੇਟ ਵਿੱਚ, ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty – twenty ਅੰਤਰਰਾਸ਼ਟਰੀ ਲੜੀ ਦਾ ਚੌਥਾ ਮੈਚ ਅੱਜ ਰਾਤ ਬ੍ਰਿਸਟਲ ਦੇ ਕਾਉਂਟੀ ਗਰਾਊਂਡ ਵਿਖੇ ਖੇਡਿਆ ਜਾਏਗਾ.

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ.**

ਨਮਸ੍ਕਾਰ